ਰਾਗੁ ਬਿਹਾਗੜਾ ਮਹਲਾ ੪ ॥ ਅੰਮ੍ਰਿਤੁ ਹਰਿ ਹਰਿ ਨਾਮੁ ਹੈ ਮੇਰੀ ਜਿੰਦੁੜੀਏ ਅੰਮ੍ਰਿਤੁ ਗੁਰਮਤਿ ਪਾਏ ਰਾਮ ॥ ਹਉਮੈ ਮਾਇਆ ਬਿਖੁ ਹੈ ਮੇਰੀ ਜਿੰਦੁੜੀਏ ਹਰਿ ਅੰਮ੍ਰਿਤਿ ਬਿਖੁ ਲਹਿ ਜਾਏ ਰਾਮ ॥ ਮਨੁ ਸੁਕਾ ਹਰਿਆ ਹੋਇਆ ਮੇਰੀ ਜਿੰਦੁੜੀਏ ਹਰਿ ਹਰਿ ਨਾਮੁ ਧਿਆਏ ਰਾਮ ॥ ਹਰਿ ਭਾਗ ਵਡੇ ਲਿਖਿ ਪਾਇਆ ਮੇਰੀ ਜਿੰਦੁੜੀਏ ਜਨ ਨਾਨਕ ਨਾਮਿ ਸਮਾਏ ਰਾਮ ॥੧॥ {ਪੰਨਾ 538}

ਪਦਅਰਥ:- ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਜਲ। ਗੁਰਮਤਿ—ਗੁਰੂ ਦੀ ਮਤਿ ਉੱਤੇ ਤੁਰਿਆਂ। ਬਿਖੁ—ਜ਼ਹਿਰ। ਅੰਮ੍ਰਿਤਿ—ਅੰਮ੍ਰਿਤ (ਪੀਣ) ਨਾਲ। ਲਿਖਿ—ਲਿਖ ਕੇ, ਲਿਖੇ ਅਨੁਸਾਰ। ਨਾਮਿ—ਨਾਮ ਵਿਚ।1।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਜਲ ਹੈ, ਇਹ ਨਾਮ-ਜਲ ਗੁਰੂ ਦੀ ਮਤਿ ਉੱਤੇ ਤੁਰਿਆਂ ਹੀ ਮਿਲਦਾ ਹੈ। ਹੇ ਮੇਰੀ ਸੋਹਣੀ ਜਿੰਦੇ! ਹਉਮੈ ਜ਼ਹਿਰ ਹੈ ਮਾਇਆ (ਦਾ ਮੋਹ) ਜ਼ਹਿਰ ਹੈ (ਜੋ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ), ਇਹ ਜ਼ਹਿਰ ਨਾਮ-ਜਲ (ਪੀਣ) ਨਾਲ ਲਹਿ ਜਾਂਦਾ ਹੈ। ਹੇ ਮੇਰੀ ਸੋਹਣੀ ਜਿੰਦੇ! ਜੇਹੜਾ ਮਨੁੱਖ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ ਉਸ ਦਾ ਸੁੱਕਾ ਹੋਇਆ (ਥੋੜ੍ਹ-ਵਿਤਾ ਹੋ ਚੁੱਕਾ) ਮਨ ਹਰਾ ਹੋ ਜਾਂਦਾ ਹੈ (ਜਿਵੇਂ ਕੋਈ ਸੁੱਕਾ ਹੋਇਆ ਰੁੱਖ ਪਾਣੀ ਨਾਲ ਹਰਾ ਹੋ ਜਾਂਦਾ ਹੈ, ਤੇ, ਕਰੜਾ-ਪਨ ਛੱਡ ਕੇ ਨਰਮ ਹੋ ਜਾਂਦਾ ਹੈ)। ਹੇ ਦਾਸ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਨੂੰ ਪੂਰਬਲੇ ਲਿਖੇ ਅਨੁਸਾਰ ਵੱਡੇ ਭਾਗਾਂ ਨਾਲ ਪਰਮਾਤਮਾ ਮਿਲ ਪੈਂਦਾ ਹੈ ਉਹ ਸਦਾ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ।1।

ਹਰਿ ਸੇਤੀ ਮਨੁ ਬੇਧਿਆ ਮੇਰੀ ਜਿੰਦੁੜੀਏ ਜਿਉ ਬਾਲਕ ਲਗਿ ਦੁਧ ਖੀਰੇ ਰਾਮ ॥ ਹਰਿ ਬਿਨੁ ਸਾਂਤਿ ਨ ਪਾਈਐ ਮੇਰੀ ਜਿੰਦੁੜੀਏ ਜਿਉ ਚਾਤ੍ਰਿਕੁ ਜਲ ਬਿਨੁ ਟੇਰੇ ਰਾਮ ॥ ਸਤਿਗੁਰ ਸਰਣੀ ਜਾਇ ਪਉ ਮੇਰੀ ਜਿੰਦੁੜੀਏ ਗੁਣ ਦਸੇ ਹਰਿ ਪ੍ਰਭ ਕੇਰੇ ਰਾਮ ॥ ਜਨ ਨਾਨਕ ਹਰਿ ਮੇਲਾਇਆ ਮੇਰੀ ਜਿੰਦੁੜੀਏ ਘਰਿ ਵਾਜੇ ਸਬਦ ਘਣੇਰੇ ਰਾਮ ॥੨॥ {ਪੰਨਾ 538}

ਪਦਅਰਥ:- ਸੇਤੀ—ਨਾਲ। ਬੇਧਿਆ—ਵਿੱਝ ਗਿਆ, ਪ੍ਰੋਤਾ ਗਿਆ। ਲਗਿ—ਲਗੇ, ਲੱਗਦਾ, ਪਰਚਦਾ ਹੈ। ਖੀਰ—ਦੁੱਧ। ਚਾਤ੍ਰਿਕ—ਪਪੀਹਾ। ਟੇਰੇ—ਪੁਕਾਰਦਾ ਹੈ। ਜਾਇ—ਜਾ ਕੇ। ਕੇਰੇ—ਦੇ। ਘਰਿ—ਹਿਰਦੇ-ਘਰ ਵਿਚ। ਘਣੇਰੇ—ਅਨੇਕਾਂ।2।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਦਾ ਮਨ ਪਰਮਾਤਮਾ ਨਾਲ ਇਉਂ ਪ੍ਰੋਇਆ ਜਾਂਦਾ ਹੈ ਜਿਵੇਂ ਬੱਚੇ ਦਾ ਮਨ ਦੁੱਧ ਨਾਲ ਪਰਚ ਜਾਂਦਾ ਹੈ, ਉਸ ਮਨੁੱਖ ਨੂੰ, ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦੇ ਮਿਲਾਪ ਤੋਂ ਬਿਨਾ ਠੰਡ ਨਹੀਂ ਪੈਂਦੀ (ਉਹ ਸਦਾ ਵਿਆਕੁਲ ਹੋਇਆ ਰਹਿੰਦਾ ਹੈ) ਜਿਵੇਂ ਪਪੀਹਾ (ਸ੍ਵਾਂਤੀ ਬੂੰਦ ਦੇ) ਪਾਣੀ ਤੋਂ ਬਿਨਾ ਪੁਕਾਰਦਾ ਰਹਿੰਦਾ ਹੈ।

ਹੇ ਮੇਰੀ ਸੋਹਣੀ ਜਿੰਦੇ! ਜਾ ਕੇ ਗੁਰੂ ਦੀ ਸਰਨ ਪਈ ਰਹੁ, ਗੁਰੂ ਪਰਮਾਤਮਾ ਦੇ ਗੁਣਾਂ ਦੀ ਦੱਸ ਪਾਂਦਾ ਹੈ। ਹੇ ਦਾਸ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਨੂੰ ਗੁਰੂ ਨੇ ਪਰਮਾਤਮਾ ਮਿਲਾ ਦਿੱਤਾ ਉਸ ਦੇ ਹਿਰਦੇ-ਘਰ ਵਿਚ (ਮਾਨੋ) ਅਨੇਕਾਂ ਸੋਹਣੇ ਸਾਜ ਵੱਜਦੇ ਰਹਿੰਦੇ ਹਨ।2।

ਮਨਮੁਖਿ ਹਉਮੈ ਵਿਛੁੜੇ ਮੇਰੀ ਜਿੰਦੁੜੀਏ ਬਿਖੁ ਬਾਧੇ ਹਉਮੈ ਜਾਲੇ ਰਾਮ ॥ ਜਿਉ ਪੰਖੀ ਕਪੋਤਿ ਆਪੁ ਬਨ੍ਹਾਇਆ ਮੇਰੀ ਜਿੰਦੁੜੀਏ ਤਿਉ ਮਨਮੁਖ ਸਭਿ ਵਸਿ ਕਾਲੇ ਰਾਮ ॥ ਜੋ ਮੋਹਿ ਮਾਇਆ ਚਿਤੁ ਲਾਇਦੇ ਮੇਰੀ ਜਿੰਦੁੜੀਏ ਸੇ ਮਨਮੁਖ ਮੂੜ ਬਿਤਾਲੇ ਰਾਮ ॥ ਜਨ ਤ੍ਰਾਹਿ ਤ੍ਰਾਹਿ ਸਰਣਾਗਤੀ ਮੇਰੀ ਜਿੰਦੁੜੀਏ ਗੁਰ ਨਾਨਕ ਹਰਿ ਰਖਵਾਲੇ ਰਾਮ ॥੩॥ {ਪੰਨਾ 538}

ਪਦਅਰਥ:- ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ। ਬਿਖੁ—ਜ਼ਹਿਰ। ਜਾਲੇ—ਜਾਲਿ, ਜਾਲ ਵਿਚ। ਕਪੋਤਿ—ਕਪੋਤ ਨੇ, ਕਬੂਤਰ ਨੇ। ਆਪੁ—ਆਪਣੇ ਆਪ ਨੂੰ। ਸਭਿ—ਸਾਰੇ। ਵਸਿ ਕਾਲੇ—ਕਾਲ ਦੇ ਵੱਸ ਵਿਚ। ਮੋਹਿ—ਮੋਹ ਵਿਚ। ਮੂੜ—ਮੂਰਖ। ਬਿਤਾਲੇ—ਤਾਲ ਤੋਂ ਖੁੰਝੇ ਹੋਏ, ਜੀਵਨ-ਚਾਲ ਤੋਂ ਥਿੜਕੇ ਹੋਏ। ਤ੍ਰਾਹਿ—ਬਚਾ ਲੈ। ਸਰਣਾਗਤੀ—ਸਰਨ ਆਉਂਦੇ ਹਨ। ਨਾਨਕ—ਹੇ ਨਾਨਕ!।3।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਹਉਮੈ ਦੇ ਕਾਰਨ ਪਰਮਾਤਮਾ ਨਾਲੋਂ ਵਿਛੁੜ ਜਾਂਦੇ ਹਨ, (ਮਾਇਆ ਦੇ ਮੋਹ ਦਾ) ਜ਼ਹਿਰ (ਉਹਨਾਂ ਦੇ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ), ਉਹ ਹਉਮੈ ਦੇ ਜਾਲ ਵਿਚ ਬੱਝੇ ਰਹਿੰਦੇ ਹਨ। ਹੇ ਮੇਰੀ ਸੋਹਣੀ ਜਿੰਦੇ! ਜਿਵੇਂ (ਚੋਗੇ ਦੇ ਲਾਲਚ ਵਿਚ) ਕਬੂਤਰ ਆਦਿਕ ਪੰਛੀ ਆਪਣੇ ਆਪ ਨੂੰ ਜਾਲ ਵਿਚ ਬੰਨ੍ਹਾ ਲੈਂਦਾ ਹੈ, ਤਿਵੇਂ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਸਾਰੇ ਮਨੁੱਖ ਆਤਮਕ ਮੌਤ ਦੇ ਵੱਸ ਵਿਚ ਆਏ ਰਹਿੰਦੇ ਹਨ। ਹੇ ਮੇਰੀ ਸੋਹਣੀ ਜਿੰਦੇ! ਜੇਹੜੇ ਮਨੁੱਖ ਮਾਇਆ ਦੇ ਮੋਹ ਵਿਚ ਆਪਣਾ ਚਿੱਤ ਜੋੜੀ ਰੱਖਦੇ ਹਨ ਉਹ ਆਪ-ਹੁਦਰੇ ਮਨੁੱਖ ਮੂਰਖ ਹੁੰਦੇ ਹਨ, ਉਹ ਜੀਵਨ-ਚਾਲ ਤੋਂ ਖੁੰਝੇ ਰਹਿੰਦੇ ਹਨ।

ਹੇ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦੇ ਸੇਵਕ ਪਰਮਾਤਮਾ ਦੀ ਸਰਨ ਆਉਂਦੇ ਹਨ (ਤੇ, ਅਰਜ਼ੋਈ ਕਰਦੇ ਹਨ—ਹੇ ਪ੍ਰਭੂ! ਸਾਨੂੰ) ਬਚਾ ਲੈ, ਬਚਾ ਲੈ। ਗੁਰੂ ਪਰਮਾਤਮਾ ਉਹਨਾਂ ਦੇ ਰਾਖੇ ਬਣਦੇ ਹਨ।3।

**ਹਰਿ ਜਨ ਹਰਿ ਲਿਵ ਉਬਰੇ ਮੇਰੀ ਜਿੰਦੁੜੀਏ ਧੁਰਿ ਭਾਗ ਵਡੇ ਹਰਿ ਪਾਇਆ ਰਾਮ ॥ ਹਰਿ ਹਰਿ ਨਾਮੁ ਪੋਤੁ ਹੈ ਮੇਰੀ ਜਿੰਦੁੜੀਏ ਗੁਰ ਖੇਵਟ ਸਬਦਿ ਤਰਾਇਆ ਰਾਮ ॥ ਹਰਿ ਹਰਿ ਪੁਰਖੁ ਦਇਆਲੁ ਹੈ ਮੇਰੀ ਜਿੰਦੁੜੀਏ ਗੁਰ ਸਤਿਗੁਰ ਮੀਠ ਲਗਾਇਆ ਰਾਮ ॥ ਕਰਿ ਕਿਰਪਾ ਸੁਣਿ ਬੇਨਤੀ ਹਰਿ ਹਰਿ ਜਨ ਨਾਨਕ ਨਾਮੁ ਧਿਆਇਆ ਰਾਮ ॥੪॥੨॥** {ਪੰਨਾ 539}

ਪਦਅਰਥ:- ਹਰਿ ਜਨ—ਪਰਮਾਤਮਾ ਦੇ ਭਗਤ। ਲਿਵ—ਲਗਨ। ਉਬਰੇ—(ਸੰਸਾਰ-ਸਮੁੰਦਰ ਵਿਚੋਂ) ਬਚ ਨਿਕਲਦੇ ਹਨ। ਧੁਰਿ—ਧੁਰ ਦਰਗਾਹ ਤੋਂ। ਪੋਤੁ—ਜਹਾਜ਼। ਖੇਵਟ—ਮਲਾਹ। ਸਬਦਿ—ਸ਼ਬਦ ਨੇ। ਦਇਆਲੁ—ਦਇਆ ਦਾ ਘਰ।4।

ਅਰਥ:- ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦੇ ਭਗਤ ਪਰਮਾਤਮਾ ਦੇ ਚਰਨਾਂ ਵਿਚ ਸੁਰਤਿ ਜੋੜ ਕੇ (ਸੰਸਾਰ-ਸਮੁੰਦਰ ਵਿਚੋਂ) ਬਚ ਨਿਕਲਦੇ ਹਨ, ਧੁਰ ਦਰਗਾਹ ਤੋਂ ਲਿਖੇ ਅਨੁਸਾਰ ਵੱਡੇ ਭਾਗਾਂ ਨਾਲ ਉਹ ਪਰਮਾਤਮਾ ਨੂੰ ਮਿਲ ਪੈਂਦੇ ਹਨ। ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦਾ ਨਾਮ ਜਹਾਜ਼ ਹੈ, (ਹਰਿ ਜਨਾਂ ਨੂੰ) ਗੁਰੂ-ਮਲਾਹ ਦੇ ਸ਼ਬਦ ਨੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ। ਹੇ ਮੇਰੀ ਸੋਹਣੀ ਜਿੰਦੇ! ਸਰਬ-ਵਿਆਪਕ ਪਰਮਾਤਮਾ ਸਦਾ ਹੀ ਦਇਆਵਾਨ ਹੈ, ਗੁਰੂ ਸਤਿਗੁਰੂ ਦੀ ਸਰਨ ਪਿਆਂ (ਹਰਿ-ਜਨਾਂ ਨੂੰ ਪਰਮਾਤਮਾ) ਪਿਆਰਾ ਲੱਗਣ ਲੱਗ ਪੈਂਦਾ ਹੈ।

ਹੇ ਦਾਸ ਨਾਨਕ! (ਆਖ—) ਹੇ ਹਰੀ! ਮੇਹਰ ਕਰ, ਮੇਰੀ ਬੇਨਤੀ ਸੁਣ (ਮੈਂ ਤੇਰਾ ਨਾਮ ਸਿਮਰਦਾ ਰਹਾਂ। ਜਿਨ੍ਹਾਂ ਉੱਤੇ ਤੂੰ ਮੇਹਰ ਦੀ ਨਿਗਾਹ ਕੀਤੀ, ਉਹਨਾਂ) ਤੇਰਾ ਨਾਮ ਸਿਮਰਿਆ।4।2।